# ਪ੍ਰੈਸ ਨੋਟ

## ਸ੍ਰੀ ਮੁਕਤਸਰ ਸਾਹਿਬ ਪੁਲਿਸ ਅਤੇ ਐਕਸਾਈਜ਼ ਵਿਭਾਗ ਵੱਲੋਂ ਸਾਂਝੇ ਤੌਰ ਤੇ ਚਲਾਇਆ ਸਰਚ ਆਪਰੇਸ਼ਨ

22000 ਲੀਟਰ ਲਾਹਣ ਨੂੰ ਕੀਤਾ ਨਸ਼ਟ ਅਤੇ 100 ਲਿਟਰ ਲਾਹਣ ਤੇ 9 ਬੋਤਲਾਂ ਨਜਾਇਜ਼ ਸ਼ਰਾਬ ਸਮੇਤ 2 ਵਿਅਕਤੀ ਕੀਤੇ ਕਾਬੂ।

ਸ੍ਰੀ ਮੁਕਤਸਰ ਸਾਹਿਬ (              )ਮਾਨਯੋਗ ਚੋਣ ਕਮਿਸ਼ਨ, ਮਾਨਯੋਗ ਡੀ.ਜੀ.ਪੀ ਪੰਜਾਬ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ IPS ਸੀਨੀਅਰ ਕਪਤਾਨ ਪੁਲਿਸ ਸ੍ਰੀ ਮੁਕਤਸਰ ਸਾਹਿਬ ਜੀ ਦੇ ਦਿਸ਼ਾਂ ਨਿਰਦੇਸ਼ ਅਨੁਸਾਰ ਅੱਜ ਸ੍ਰੀ ਫਤਿਹ ਸਿੰਘ ਬਰਾੜ ਪੀ.ਪੀ.ਐਸ. ਉਪ ਕਪਤਾਨ ਪੁਲਿਸ(ਲੰਬੀ ) ਦੀ ਨਿਗਰਾਨੀ ਹੇਠ ਸਬ-ਡਵੀਜਨ ਲੰਬੀ ਥਾਣਾ ਕਬਰਵਾਲਾ ਦੇ ਅਧੀਨ ਪੈਂਦੇ ਪਿੰਡ ਕੱਟਿਆਵਾਲੀ ਵਿਖੇ ਗੰਗਾ ਨਹਿਰ ਦੇ ਨਾਲ ਐਸ.ਆਈ. ਰਣਜੀਤ ਸਿੰਘ ਮੁੱਖ ਅਫਸਰ ਥਾਣਾ ਕਬਰਵਾਲਾ, ਸ:ਥ: ਸ਼ਵਿੰਦਰ ਸਿੰਘ ਇੰਚਾਰਜ ਚੌਕੀ ਭਾਈ ਕਾ ਕੇਰਾ, ਸਬ-ਡਵੀਜਨ ਲੰਬੀ ਦੀ ਪੁਲਿਸ ਫੋਰਸ ਸਮੇਤ ਐਕਸਾਇਜ ਵਿਭਾਗ ਦੇ AETC ਵਿਕਰਮਦੇਵ ਠਾਕੁਰ, ਐਕਸਾਇਜ ਇੰਸਪੈਕਟਰ ਸੁਖਵਿੰਦਰ ਸਿੰਘ ਵੱਲੋ ਸਰਚ ਅਪ੍ਰੇਸ਼ਨ ਚਲਾਇਆ ਗਿਆ। ਸਰਚ ਅਪ੍ਰੇਸ਼ਨ ਦੌਰਾਨ 22,000/- ਲੀਟਰ ਲਾਹਣ ਬ੍ਰਾਮਦ ਹੋਈ। ਜੋ ਐਕਸਾਇਜ ਵਿਭਾਗ ਵੱਲੋਂ ਮੌਕਾ ਪਰ ਨਸ਼ਟ ਕੀਤੀ ਗਈ ਹੈ।

ਇਸ ਤੋਂ ਇਲਾਵਾ ਥਾਣਾ ਕਬਰਵਾਲਾ ਵਿਖੇ 2 ਵੱਖ ਵੱਖ ਮੁਕਦਮੇ ਦਰਜ ਕਰ 2 ਵਿਅਕਤੀਆਂ ਨੂੰ 100 ਲੀਟਰ ਲਾਹਣ ਅਤੇ 9 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਗਿਆ ਹੈ।

ਜਾਣਕਾਰੀ ਅਨੁਸਾਰ ਥਾਣਾ ਕਬਰਵਾਲਾ ਪੁਲਿਸ ਵੱਲੋਂ ਮੁਖਬਰ ਦੀ ਇਤਲਾਹ ਤੇ

1. ਗੁਰਪ੍ਰੀਤ ਸਿੰਘ ਪੁੱਤਰ ਪ੍ਰਕਾਸ਼ ਸਿੰਘ ਵਾਸੀ ਪਿੰਡ ਰੱਤਾ ਖੇੜਾ ਤੋਂ 100 ਲੀਟਰ ਲਾਹਣ ਬਰਾਮਦ ਕੀਤੀ ਜਿਸ ਤੇ ਪੁਲਿਸ ਵੱਲੋਂ ਮੁਕਦਮਾ ਨੰਬਰ 27 ਮਿਤੀ 25.03.2024 ਅ /ਧ 61/1/14 ਅਕਸਾਈਜ਼ ਐਕਟ ਥਾਣਾ ਕਬਰਵਾਲਾ ਵਿਖੇ ਦਰਜ ਕਰ ਅਗਲੇਰੀ ਕਾਰਵਾਈ ਕੀਤੀ ਸ਼ੁਰੂ।

2. ਦਵਿੰਦਰ ਸਿੰਘ ਉਰਫ ਕਾਲਾ ਪੁੱਤਰ ਗੁਰਮੇਜ ਸਿੰਘ ਵਾਸੀ ਰੱਤਾ ਖੇੜਾ ਨੂੰ 9 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਗਿਆ। ਜਿਸ ਤੇ ਪੁਲਿਸ ਵੱਲੋਂ ਮੁਕਦਮਾ ਨੰਬਰ 28 ਮਿਤੀ 25.03.2024 ਅ/ਧ 61/1/14 ਐਕਸਾਈਜ਼ ਐਕਟ ਤਹਿਤ ਥਾਣਾ ਕਬਰਵਾਲਾ ਵਿੱਖੇ ਦਰਜ ਕਰ ਅਗਲੀ ਕਾਰਵਾਈ ਕੀਤੀ ਸ਼ੁਰੂ।